# ਦਫਤਰ ਡਾਇਰੈਕਟਰ, ਰਾਜ ਸਿੱਖਿਆ ਅਤੇ ਸਿਖਲਾਈ ਸੰਸਥਾ, ਪੰਜਾਬ।

ਛੇਵੀਂ ਮੰਜਿਲ, ਈ-ਬਲਾਕ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ-8, ਸ.ਅ.ਸ ਨਗਰ (ਮੋਹਾਲੀ)।

**ਵੱਲ**

ਸਮੂਹ ਸਕੂਲ ਮੁੱਖੀ, (ਵੈੱਬਸਾਈਟ ਰਾਹ)
ਪੰਜਾਬ।

**ਮੀਮੋ ਨੰ.: ਸਸਅ/ਸਮਾਰਟ ਸਕੂਲਜ਼/256825/2022/** 65689

**ਮਿਤੀ :** 21-03-2022

ਵਿਸ਼ਾ:- **Prevention of Drugs and Substance Abuse among Children and illicit Trafficking Program ਤਹਿਤ ਸਕੂਲਾਂ ਵਿਚ Prahari Club ਦਾ ਗਠਨ ਕਰਨ ਸਬੰਧੀ।**

1.0 ਉੱਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਭਾਰਤ ਸਰਕਾਰ ਦੀ ਹਦਾਇਤਾਂ ਅਨੁਸਾਰ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ Prahari Clubs ਦਾ ਗਠਨ ਕੀਤਾ ਜਾਣਾ ਹੈ, ਜਿਸ ਵਿੱਚ ਹੇਠ ਲਿਖੇ ਅਨੁਸਾਰ ਮੈਂਬਰ ਸ਼ਾਮਿਲ ਹੋਣਗੇ:

| ਲੜੀ ਨੰ. | ਨੋਡਲ ਅਫਸਰ /ਅਧਿਆਪਕ | ਮੈਂਬਰਜ਼ |
|---|---|---|
| 1 | ਸਕੂਲ ਵਿੱਚ ਸਰੀਰਿਕ ਸਿੱਖਿਆ ਦੇ ਅਧਿਆਪਕ ਨੂੰ ਨਾਮਜਦ ਕਰਨ ਦੀ ਤਜਵੀਜ ਹੈ। ਜੇਕਰ ਸਰੀਰਕ ਸਿੱਖਿਆ ਦਾ ਅਧਿਆਪਕ ਸਕੂਲ ਵਿੱਚ ਮੌਜੂਦ ਨਹੀਂ ਹੈ ਤਾਂ ਸਕੂਲ ਮੁੱਖੀ ਆਪਣੇ ਪੱਧਰ ਤੇ ਕਿਸੇ ਹੋਰ ਅਧਿਆਪਕ ਨੂੰ ਨੋਡਲ ਅਫ਼ਸਰ ਨਾਮਜਦ ਕਰ ਸਕਦਾ ਹੈ। | ਛੇਵੀ ਤੋਂ ਬਾਰ੍ਹਵੀਂ ਜਮਾਤ ਦੇ 20-25 ਵਿਦਿਆਰਥੀ |

**3.0 Prahari Club ਵਿੱਚ ਕੰਮ ਕਰਦੇ ਮੈਂਬਰਾਂ ਲਈ ਦਿਸ਼ਾ ਨਿਰਦੇਸ਼ ਹੇਠ ਲਿਖੇ ਅਨੁਸਾਰ ਹਨ:**

1. ਵਿਦਿਆਰਥੀਆਂ ਨੂੰ ਸਮੇਂ-ਸਮੇਂ ਤੇ ਨਸ਼ੇ ਦੇ ਮਾੜੇ ਪ੍ਰਭਾਵਾ ਬਾਰੇ ਜਾਗਰੂਕ ਕਰਨਾ।
2. ਸਕੂਲ ਦੇ Campus ਦੇ ਅੰਦਰ ਅਤੇ ਬਾਹਰ ਨਸ਼ਾ ਮੁਕਤ ਵਾਤਾਵਰਣ ਯਕੀਨੀ ਬਣਾਉਣਾ।
3. ਸਕੂਲ ਵਿੱਚ Morning Assembly, Bal Sabha, Physical Education ਦੇ period ਆਦਿ ਦੌਰਾਨ ਵਿਦਿਆਰਥੀਆਂ ਨੂੰ ਨਸ਼ੇ ਦੇ ਸੇਵਨ ਨਾਲ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕਰਵਾਉਣਾ।
4. ਸਕੂਲ ਦੇ ਅੰਦਰ ਅਤੇ 100 ਗਜ਼ ਦੇ ਘੇਰੇ ਅੰਦਰ ਤੰਬਾਕੂ ਉਤਪਾਦਾਂ ਦੀ ਵਿਕਰੀ ਦੀ ਮਨਾਹੀ ਹੋਵੇ ਅਤੇ ਇਸ ਸਬੰਧੀ ਜਰੂਰੀ ਸੰਕੇਤ ਸਕੂਲ ਦੇ ਮੁੱਖ ਗੇਟ ਅਤੇ ਬਾਹਰੀ ਦੀਵਾਰਾਂ ਤੇ ਦਰਸਾਏ ਜਾਣ।
5. ਨਸ਼ੇ ਦੇ ਸੇਵਨ ਦਾ ਸਿਹਤ ਉੱਤੇ ਪੈਂਦੇ ਪ੍ਰਭਾਵਾਂ ਬਾਰੇ ਜਾਣਕਾਰੀ ਹਿੱਤ ਸਕੂਲਾਂ ਦੇ ਅੰਦਰ ਪੋਸਟਰ ਲਗਾਏ ਜਾਣ ਅਤੇ ਵਿਦਿਆਰਥੀਆਂ ਨੂੰ ਵੀ ਇਸ ਕਾਰਜ ਲਈ ਪੋਸਟਰ ਤਿਆਰ ਕਰਨ ਲਈ ਉਤਸ਼ਾਹਿਤ ਕੀਤਾ ਜਾਵੇ।
6. ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਵਿਦਿਆਰਥੀਆਂ ਨੂੰ ਜਾਣੂ ਕਰਵਾਉਣ ਹਿੱਤ ਦਫ਼ਤਰ ਵੱਲੋਂ ਸਮੇਂ ਸਮੇਂ ਤੇ ਜਾਰੀ ਕੀਤੀਆਂ ਗਾਈਡਲਾਈਨਜ਼ ਦੀ ਪਾਲਣਾ ਕੀਤੀ ਜਾਵੇ।

ਉੱਕਤ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

-sd-

**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ**

**ਪਿੱਠਅੰਕਣ ਨੰ.: ਸਸਅ/ਸਮਾਰਟ ਸਕੂਲ/256825/2022/** ੬੬੮੦ **ਮਿਤੀ:** 21-03-2022

ਉਤਾਰਾ

1) ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ. ਅਤੇ ਸੈ.ਸਿ.)

**ਸਹਾਇਕ ਡਾਇਰੈਕਟਰ**

**ਰਾਜ ਸਿੱਖਿਆ, ਖੋਜ ਅਤੇ ਸਿਖਲਾਈ ਸੰਸਥਾ, ਪੰਜਾਬ**